# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-06-2024**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ, ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦਾ ਸੱਦਾ ਦਿੱਤਾ ਏ। ਚੰਡੀਗੜ੍ਹ ਵਿੱਚ ਕੱਲ੍ਹ ਜਲ ਸਰੋਤ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਝੋਨੇ ਦੇ ਆਉਂਦੇ ਸੀਜ਼ਨ ਤੋਂ ਨਹਿਰੀ ਪਾਣੀ ਦੀ ਸਪਲਾਈ ਦੇਣ ਲਈ ਪੂਰੀ ਤਰ੍ਹਾਂ ਤਿਆਰ ਏ ਅਤੇ 11 ਜੂਨ ਤੋਂ ਨਹਿਰੀ ਪਾਣੀ ਨਿਰਵਿਘਨ ਸਪਲਾਈ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸਿੰਚਾਈ ਦੀਆਂ ਜਰੂਰਤਾਂ ਲਈ, ਪੰਜਾਬ ਨਹਿਰੀ ਪਾਣੀ ਦੀ ਸਪਲਾਈ ਕਰਨ ਦਾ ਨਵਾਂ ਰਿਕਾਰਡ ਕਾਇਮ ਕਰਨ ਦੀ ਦਹਿਲੀਜ਼ 'ਤੇ ਏ ਅਤੇ ਇਹ ਪਹਿਲੀ ਵਾਰ ਏ, ਕਿ ਸੂਬਾ ਸਰਕਾਰ ਨੇ ਨਹਿਰੀ ਪਾਣੀ ਦੀ ਸਪਲਾਈ ਸਬੰਧੀ ਪੁੱਛਗਿੱਛ ਕਰਨ ਲਈ, ਸਮਰਪਿਤ ਕੰਟਰੋਲ ਰੂਮ ਸਥਾਪਤ ਕੀਤਾ ਏ।

---------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਸਮੇਂ ਮੁਤਾਬਿਕ ਬਣਾਏ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮ 'ਤੇ ਖਾਸ ਨਜ਼ਰ ਰੱਖੀ ਗਈ ਏ। ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, 'ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ' ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ।

-----------------------------------------------------------

ਇਸ ਦੌਰਾਨ ਇਨਾਂ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ, ਬਠਿੰਡਾ ਦੇ ਐਡਵੋਕੇਟ ਕੰਵਲਜੀਤ ਸਿੰਘ ਕੁਟੀ ਦਾ ਕਹਿਣਾ ਏ, ਕਿ ਸਮੇਂ ਦੀ ਮੰਗ ਅਨੁਸਾਰ ਇਹ ਬਦਲਾਅ ਬਿਲਕੁਲ ਸਹੀ ਏ ।

-----------------------------------------------------------

ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦਾ, ਮੂਲ ਨਾਨਕਸ਼ਾਹੀ ਕੈਲੰਡਰ ਅਨੁਸਾਰ ਸ਼ਹੀਦੀ ਦਿਹਾੜਾ ਗੁਰੂਦਵਾਰਾ ਡੇਰਾ ਸਾਹਿਬ ਲਾਹੌਰ ਪਾਕਿਸਤਾਨ ਵਿਖੇ ਮਨਾਉਣ ਲਈ, ਅੱਜ ਭਾਰਤ ਦੇ ਵੱਖ ਵੱਖ ਸੂਬਿਆਂ ਤੋਂ ਇਕੱਤਰ ਹੋ ਕੇ ਭਾਰਤੀ ਸਿੱਖ ਸ਼ਰਧਾਲੂਆਂ ਦਾ ਇਕ ਜਥਾ, ਅਟਾਰੀ

ਸਰਹੱਦ ਰਸਤਿਓਂ ਪਾਕਿਸਤਾਨ ਲਈ ਰਵਾਨਾ ਹੋਇਆ । ਅਟਾਰੀ ਸਰਹੱਦ ਵਿਖੇ ਬੀ. ਐਸ. ਐਫ. , ਇਮੀਗ੍ਰੇਸ਼ਨ ਅਤੇ ਭਾਰਤੀ ਕਸਟਮ ਵਿਭਾਗ ਵਲੋਂ, ਸ਼ਰਧਾਲੂਆਂ ਲਈ ਵਧੀਆ ਤੇ ਪੁਖਤਾ ਪ੍ਰਬੰਧ ਕੀਤੇ ਗਏ ਸਨ। ਸ਼ਰਧਾਲੂਆਂ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜਥਾ ਛੱਡ ਕੇ, ਖਾਲੜਾ ਮਿਸ਼ਨ ਕਮੇਟੀ ਝਬਾਲ, ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਫਿਰੋਜਪੁਰ, ਸ਼੍ਰੀ ਨਨਕਾਣਾ ਸਾਹਿਬ ਜੋੜਾ ਘਰ ਜਥਾ ਪੁਤਲੀ ਘਰ, ਸੁਖਮਨੀ ਸਾਹਿਬ ਸੇਵਾ ਸੁਸਾਇਟੀ ਡੱਬਵਾਲੀ ਹਰਿਆਣਾ, ਜੰਮੂ-ਕਸ਼ਮੀਰ ਅਤੇ ਰਾਜਸਥਾਨ ਤੋਂ ਸਿੱਖ ਸ਼ਰਧਾਲੂ ਪਾਕਿਸਤਾਨ ਗਏ ਨੇ।

---------------------------------------------------------------

ਵਿਸ਼ਵ ਵਾਤਾਵਰਣ ਦਿਵਸ- 2024 ਤਹਿਤ ਦਿੱਤੇ ਸੁਨੇਹੇ ਮੁਤਾਬਿਕ ਧਰਤੀ ਮਾਂ ਨੂੰ ਬਚਾਉਣ ਲਈ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ ਫ਼ਰੀਦਕੋਟ ਨੇ ਬੂਟਿਆਂ ਦਾ ਲੰਗਰ ਲਗਾ ਕੇ ਇਕ ਛੋਟਾ ਜਿਹਾ ਉਪਰਾਲਾ ਕੀਤਾ। ਇਸ ਦੌਰਾਨ ਸਿਰਫ ਬੂਟਿਆਂ ਨੂੰ ਵੰਡਣ ਤੱਕ ਹੀ ਸੀਮਿਤ ਨਹੀਂ ਰੱਖਿਆ ਗਿਆ, ਬਲਕਿ ਬੂਟੇ ਲੈਣ ਵਾਲਿਆਂ ਦੀ ਰਜਿਸ਼ਟ੍ਰੇਸ਼ਨ ਸਮੇਤ ਉਹਨਾਂ ਦਾ ਨਾਮ-ਪਤਾ ਅਤੇ ਮੋਬਾਇਲ ਨੰਬਰ ਦਰਜ ਕੀਤੇ ਗਏ। ਰਜਿਸਟ੍ਰੇਸ਼ਨ ਕਰਨ ਮਗਰੋਂ ਇਕ ਪ੍ਰਣ ਦਿਵਾਇਆ

ਗਿਆ ਕਿ ਉਹ ਆਪਣੇ ਬੂਟੇ ਨੂੰ ਬੱਚਿਆਂ ਵਾਂਗ ਪਾਲਣਗੇ ਅਤੇ ਸਾਂਭ-ਸੰਭਾਲ ਕਰਨਗੇ।